NEED 24 NEWS
DIGITAL E-PAPER
हर खबर, हर शहर
PRGI APPLICATION UNDER PROCESS
Application No. T/GJ/2026/0619/2304/1577
GST
GSTIN 24CINPG0564Q1ZT
UDYAM REGISTERED
UDYAM-GJ-14-0003714
www.need24.digital
info@need24.in
+91 98700 06472
FOLLOW US:
तेज़ | सटीक | निष्पक्ष | जनहित में
सच की आवाज़
जन-जन की आवाज़
निडर पत्रकारिता



# ਪੱਪੂ ਬੈਂਡ ਉਧਨਵਾਲ ਵੱਲੋਂ ਵਿਆਹਾਂ ਵਿੱਚ ਵਿਰਾਸਤੀ ਗੱਡੀਆਂ ਦਾ ਸ਼ੋ-ਰੂਮ ਖੋਲ੍ਹ ਕੇ ਪਿੰਡ ਦੀ ਸ਼ਾਨ ਵਧਾਈ



**ਊਧਨਵਾਲ (ਗੁਰਦਾਸਪੁਰ) ਦੇ ਪੱਪੂ ਬੈਂਡ ਨੇ ਵਿਆਹ-ਸ਼ਾਦੀਆਂ ਦੇ ਮੌਕਿਆਂ 'ਤੇ ਵਿਰਾਸਤੀ ਗੱਡੀਆਂ ਦਾ ਸ਼ੋ-ਰੂਮ ਖੋਲ੍ਹ ਕੇ ਪਿੰਡ ਦੀ ਸ਼ਾਨ ਵਧਾ...**

**Tarlok Singh**। ਪਿੰਡ ਊਧਨਵਾਲ, ਜ਼ਿਲ੍ਹਾ ਗੁਰਦਾਸਪੁਰ ਵਿੱਚ ਪੱਪੂ ਬੈਂਡ ਵੱਲੋਂ ਇੱਕ ਨਿਵੇਕਲੀ ਪਹਿਲ ਕੀਤੀ ਗਈ ਹੈ। ਇਸ ਬੈਂਡ ਨੇ ਵਿਆਹ-ਸ਼ਾਦੀਆਂ ਅਤੇ ਹੋਰ ਸਮਾਗਮਾਂ ਲਈ ਵਿਰਾਸਤੀ ਗੱਡੀਆਂ ਦਾ ਸ਼ੋ-ਰੂਮ ਖੋਲ੍ਹ ਕੇ ਪਿੰਡ ਦੀ ਸ਼ਾਨ ਵਿੱਚ ਵਾਧਾ ਕੀਤਾ ਹੈ। ਇਸ ਸ਼ੋ-ਰੂਮ ਵਿੱਚ ਵੱਖ-ਵੱਖ ਤਰ੍ਹਾਂ ਦੀਆਂ ਪੁਰਾਤਨ ਅਤੇ ਸ਼ਾਨਦਾਰ ਗੱਡੀਆਂ ਉਪਲਬਧ ਹਨ, ਜੋ ਕਿਸੇ ਵੀ ਸਮਾਗਮ ਨੂੰ ਚਾਰ ਚੰਨ ਲਾ ਸਕਦੀਆਂ ਹਨ। ਇਹ ਪਹਿਲਕਦਮੀ ਪਿੰਡ ਦੇ ਨੌਜਵਾਨਾਂ ਅਤੇ ਲੋਕਾਂ ਵਿੱਚ ਕਾਫੀ ਚਰਚਾ ਦਾ ਵਿਸ਼ਾ ਬਣੀ ਹੋਈ ਹੈ। ਪੱਪੂ ਬੈਂਡ ਨੇ ਇਹ ਉਪਰਾਲਾ ਕਰਕੇ ਜਿੱਥੇ ਲੋਕਾਂ ਨੂੰ ਵਿਆਹਾਂ ਲਈ ਵਿਲੱਖਣ ਗੱਡੀਆਂ ਦਾ ਵਿਕਲਪ ਦਿੱਤਾ ਹੈ, ਉੱਥੇ ਹੀ ਪਿੰਡ ਦੇ ਸੱਭਿਆਚਾਰਕ ਪਛਾਣ ਨੂੰ ਵੀ ਉਜਾਗਰ ਕੀਤਾ ਹੈ। ਇਸ ਨਾਲ ਪਿੰਡ ਦੀ ਆਰਥਿਕਤਾ ਨੂੰ ਵੀ ਹੁਲਾਰਾ ਮਿਲਣ ਦੀ ਉਮੀਦ ਹੈ।

# ਡੇਰਾਬਾਸੀ ਪੰਡਵਾਲਾ-ਸੁੰਡਰਾਂ-ਖੇੜੀ ਰੋਡ ਤੇ ਖੁਦਾਈ ਦੌਰਾਨ ਅਡਾਨੀ ਕੰਪਨੀ ਦੀ ਗੈਸ ਪਾਈਪਲਾਈਨ ਟੁੱਟੀ: ਤੇਜ਼ ਦਬਾਅ ਨਾਲ ਨਿਕਲੀ ਗੈਸ, ਸੜਕ ਕਿਨਾਰੇ ਪਿਆ ਵੱਡਾ ਟੋਆ



**ਡੇਰਾਬਾਸੀ ਪੰਡਵਾਲਾ-ਸੁੰਡਰਾਂ-ਖੇੜੀ ਰੋਡ ਤੇ ਖੁਦਾਈ ਦੌਰਾਨ ਅਡਾਨੀ ਕੰਪਨੀ ਦੀ ਗੈਸ ਪਾਈਪਲਾਈਨ ਟੁੱਟੀ: ਤੇਜ਼ ਦਬਾਅ ਨਾਲ ਨਿਕਲੀ ਗੈਸ, ਸ...**

**Gaurav Sharma**। ਡੇਰਾਬਾਸੀ ਪੰਡਵਾਲਾ-ਸੁੰਡਰਾਂ-ਖੇੜੀ ਰੋਡ ਤੇ ਖੁਦਾਈ ਦੌਰਾਨ ਅਡਾਨੀ ਕੰਪਨੀ ਦੀ ਗੈਸ ਪਾਈਪਲਾਈਨ ਟੁੱਟੀ: ਤੇਜ਼ ਦਬਾਅ ਨਾਲ ਨਿਕਲੀ ਗੈਸ, ਸੜਕ ਕਿਨਾਰੇ ਪਿਆ ਵੱਡਾ ਟੋਆ ਤਕਨੀਕੀ ਟੀਮ ਨੇ ਮੁੱਖ ਵਾਲਵ ਬੰਦ ਕਰਕੇ ਸਥਿਤੀ ’ਤੇ ਪਾਇਆ ਕਾਬੂ, ਵੱਡਾ ਹਾਦਸਾ ਟਲਿਆ ਡੇਰਾਬੱਸੀ ਮੋਹਾਲੀ ਅਧੀਨ ਪੈਂਦੇ ਡੇਰਾਬੱਸੀ ਦੇ ਪੰਡਵਾਲਾ-ਸੁੰਡਰਾਂ-ਖੇੜੀ ਰੋਡ ’ਤੇ ਬੁੱਧਵਾਰ ਦੇਰ ਰਾਤ ਖੁਦਾਈ ਦੌਰਾਨ ਜ਼ਮੀਨਦੋਜ਼ ਗੈਸ ਪਾਈਪਲਾਈਨ ਟੁੱਟਣ ਕਾਰਨ ਭਾਰੀ ਹਫੜਾ-ਦਫੜੀ ਮਚ ਗਈ। ਜਾਣਕਾਰੀ ਅਨੁਸਾਰ ਰਾਤ ਸਮੇਂ ਜੇਸੀਬੀ ਮਸ਼ੀਨ ਨਾਲ ਖੁਦਾਈ ਦਾ ਕੰਮ ਚੱਲ ਰਿਹਾ ਸੀ, ਜਿਸ ਦੌਰਾਨ ਜ਼ਮੀਨ ਹੇਠੋਂ ਲੰਘ ਰਹੀ ਅਡਾਨੀ ਕੰਪਨੀ ਦੀ ਮੁੱਖ ਗੈਸ ਪਾਈਪਲਾਈਨ ਜੇਸੀਬੀ ਦੀ ਲਪੇਟ ਵਿੱਚ ਆ ਕੇ ਟੁੱਟ ਗਈ। ਪਾਈਪਲਾਈਨ ਦੇ ਟੁੱਟਦਿਆਂ ਹੀ ਤੇਜ਼ ਦਬਾਅ ਨਾਲ ਗੈਸ ਲੀਕ ਹੋਣੀ ਸ਼ੁਰੂ ਹੋ ਗਈ। ਗੈਸ ਦੇ ਤੇਜ਼ ਦਬਾਅ ਨਾਲ ਹਵਾ ’ਚ ਉੱਛਲੀ ਮਿੱਟੀ, ਲੋਕਾਂ ’ਚ ਦਹਿਸ਼ਤ ਪ੍ਰਤੱਖਦਰ...

## ਡੇਰਾਬੱਸੀ ਵਿੱਚ ਸਿਹਤ ਵਿਭਾਗ ਦੀ ਵੱਡੀ ਕਾਰਵਾਈ, 1800 ਲੀਟਰ ਦੁੱਧ ਅਤੇ 1200 ਕਿੱਲੋ ਪਨੀਰ ਨਸ਼ਟ



**Gaurav Sharma**। ਡੇਰਾਬੱਸੀ ਵਿੱਚ ਸਿਹਤ ਵਿਭਾਗ ਦੀ ਵੱਡੀ ਕਾਰਵਾਈ, 1800 ਲੀਟਰ ਦੁੱਧ ਅਤੇ 1200 ਕਿੱਲੋ ਪਨੀਰ ਨਸ਼ਟ ਸੈਂਪਲ ਫ਼ੇਲ੍ਹ ਹੋਣ ਤੋਂ ਬਾਅਦ ਮਿਲਾਵਟੀ/ਗ਼ੈਰ-ਮਿਆਰੀ ਖਾਧ ਪਦਾਰਥਾਂ 'ਤੇ ਕਾਰਵਾਈ, ਪਨੀਰ ਬਣਾਉਣ ਵਾਲੀ ਫ਼ੈਕਟਰੀ ਸੀਲ; ਸੰਚਾਲਕਾਂ ਖ਼ਿਲਾਫ਼ ਫੂਡ ਸੇਫ਼ਟੀ ਐਕਟ ਤਹਿਤ ਕਾਰਵਾਈ ਸ਼ੁਰੂ ਡੇਰਾਬੱਸੀ। ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲਿਆਂ ਖ਼ਿਲਾਫ਼ ਸਿਹਤ ਵਿਭਾਗ ਨੇ ਵੱਡੀ ਕਾਰਵਾਈ ਕੀਤੀ ਹੈ। ਡੇਰਾਬੱਸੀ ਦੇ ਪਿੰਡ ਸੁੰਡਰਾਂ ਵਿੱਚ ਕੁਝ ਦਿਨ ਪਹਿਲਾਂ ਗੁਪਤ ਸੂਚਨਾ ਦੇ ਆਧਾਰ 'ਤੇ ਸਿਹਤ ਵਿਭਾਗ ਦੀ ਟੀਮ ਨੇ ਪਨੀਰ ਬਣਾਉਣ ਵਾਲੀ ਇੱਕ ਫ਼ੈਕਟਰੀ 'ਤੇ ਛਾਪੇਮਾਰੀ ਕੀਤੀ ਸੀ। ਇਸ ਦੌਰਾਨ ਫ਼ੈਕਟਰੀ ਵਿੱਚ ਖਾਧ ਪਦਾਰਥ ਤਿਆਰ ਕਰਨ ਲਈ ਵਰਤੇ ਜਾ ਰਹੇ ਵਾਤਾਵਰਨ ਅਤੇ ਸਾਫ਼-ਸਫ਼ਾਈ ਦੇ ਪ੍ਰਬੰਧਾਂ ਵਿੱਚ ਕਈ ਗੰਭੀਰ ਖ਼ਾਮੀਆਂ ਸਾਹਮਣੇ ਆਈਆਂ ਸਨ। ਕਾਰਵਾਈ ਦੌਰਾਨ ਸਿਹਤ ਵਿਭਾਗ ਦੀ ਟੀਮ ਨੇ ਮੌਕੇ ਤੋਂ ਲਗਭਗ 1200 ਕਿੱਲੋ ਪਨੀਰ...

## ਜੈਤੋ: ਰਿਟਾਇਰਡ ਨਰਸ ਤੇ ਆਸ਼ਾ ਵਰਕਰ ਦੀ ਲਾਪਰਵਾਹੀ ਨਾਲ ਨਵਜੰਮੇ ਬੱਚੇ ਦੀ ਮੌਤ, ਪਰਿਵਾਰ ਨੇ ਲਗਾਏ ਗੰਭੀਰ ਦੋਸ਼



**Suraj**। ਜੈਤੋ (ਫ਼ਰੀਦਕੋਟ): ਜੈਤੋ ਦੇ ਚੈਨਾ ਰੋਡ 'ਤੇ ਇੱਕ ਰਿਟਾਇਰਡ ਨਰਸ ਅਤੇ ਆਸ਼ਾ ਵਰਕਰ ਵੱਲੋਂ ਬਿਨਾਂ ਕਿਸੇ ਡਾਕਟਰੀ ਸੁਵਿਧਾ ਦੇ ਘਰ ਵਿੱਚ ਜ਼ਬਰਦਸਤੀ ਡਿਲੀਵਰੀ ਕਰਵਾਉਣ ਅਤੇ ਇਸ ਦੌਰਾਨ ਨਵਜੰਮੇ ਬੱਚੇ ਦੀ ਮੌਤ ਹੋ ਜਾਣ ਦਾ ਗੰਭੀਰ ਮਾਮਲਾ ਸਾਹਮਣੇ ਆਇਆ ਹੈ। ਪੀੜਤ ਮਹਿਲਾ ਰੇਸ਼ਮਾ (ਪਤਨੀ ਸੂਰਜ, ਵਾਸੀ ਨੇੜੇ ਬਿਸ਼ਨੰਦੀ ਫਾਟਕ, ਜੈਤੋ) ਨੇ ਪ੍ਰਸ਼ਾਸਨ ਅਤੇ ਪੁਲਿਸ ਵਿਭਾਗ ਤੋਂ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਪੀੜਤ ਮਹਿਲਾ ਰੇਸ਼ਮਾ ਨੇ ਦੱਸਿਆ ਕਿ ਉਹ ਆਪਣੇ ਗਰਭ ਅਵਸਥਾ ਸਬੰਧੀ ਜਾਣਕਾਰੀ ਅਤੇ ਸਲਾਹ ਲੈਣ ਲਈ ਚੈਨਾ ਰੋਡ ਸਥਿਤ ਰਿਟਾਇਰਡ ਨਰਸ ਬਲਜੀਤ ਕੌਰ (ਪਤਨੀ ਰਾਜੀਵ ਕੁਮਾਰ ਉਰਫ਼ ਬੌਬੀ) ਦੇ ਘਰ ਗਈ ਸੀ। ਰੇਸ਼ਮਾ ਮੁਤਾਬਕ, ਉਸ ਦਾ ਇਲਾਜ ਸਰਕਾਰੀ ਹਸਪਤਾਲ ਜੈਤੋ ਤੋਂ ਚੱਲ ਰਿਹਾ ਸੀ ਅਤੇ ਉਸ ਨੇ ਨਰਸ ਨੂੰ ਸਾਫ਼ ਕਿਹਾ ਸੀ ਕਿ ਉਹ ਆਪਣੀ ਡਿਲੀਵਰੀ ਸਰਕਾਰੀ ਹਸਪਤਾਲ ਵਿੱਚ ਹੀ ਕਰਵਾਉਣਾ ਚਾਹੁੰਦੀ ਹੈ।...

## ਬਠਿੰਡਾ ਸ਼ਹਿਰੀ ਦੇ MLA ਜਗਰੂਪ ਸਿੰਘ ਗਿੱਲ ਦੀ ਕੋਠੀ ਦਾ ਮੁਲਾਜ਼ਮਾਂ ਵੱਲੋਂ ਘਿਰਾਓ

**Ramandeep Kaur, Bathinda**। ਬਠਿੰਡਾ ਸ਼ਹਿਰੀ ਹਲਕੇ ਦੇ ਵਿਧਾਇਕ ਜਗਰੂਪ ਸਿੰਘ ਗਿੱਲ ਦੀ ਰਿਹਾਇਸ਼ ਦਾ ਅੱਜ ਮੁਲਾਜ਼ਮਾਂ ਵੱਲੋਂ ਘਿਰਾਓ ਕੀਤਾ ਗਿਆ। ਇਸ ਘਿਰਾਓ ਦੌਰਾਨ ਮੁਲਾਜ਼ਮਾਂ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਮੁਲਾਜ਼ਮਾਂ ਵੱਲੋਂ ਇਹ ਘਿਰਾਓ ਕਿਸਾਨੀ ਅਤੇ ਹੋਰ ਮਸਲਿਆਂ ਨੂੰ ਲੈ ਕੇ ਕੀਤਾ ਗਿਆ ਸੀ। ਉਨ੍ਹਾਂ ਨੇ ਸਰਕਾਰ 'ਤੇ ਵਾਅਦਾਖਿਲਾਫ਼ੀ ਦਾ ਦੋਸ਼ ਲਾਇਆ ਅਤੇ ਆਪਣੀਆਂ ਮੰਗਾਂ ਨੂੰ ਤੁਰੰਤ ਪੂਰਾ ਕਰਨ ਦੀ ਅਪੀਲ ਕੀਤੀ। ਇਸ ਮੌਕੇ ਵੱਡੀ ਗਿਣਤੀ ਵਿੱਚ ਮੁਲਾਜ਼ਮ ਮੌਜੂਦ ਸਨ ਅਤੇ ਉਨ੍ਹਾਂ ਨੇ ਵਿਧਾਇਕ ਗਿੱਲ ਤੋਂ ਮੰਗ ਕੀਤੀ ਕਿ ਉਹ ਉਨ੍ਹਾਂ ਦੀ ਆਵਾਜ਼ ਸਰਕਾਰ ਤੱਕ ਪਹੁੰਚਾਉਣ ਅਤੇ ਉਨ੍ਹਾਂ ਦੇ ਮਸਲਿਆਂ ਦਾ ਹੱਲ ਕਰਵਾਉਣ।

## ਆਰ.ਟੀ.ਓ. ਐਸ.ਏ.ਐਸ. ਨਗਰ ਵੱਲੋਂ ਡੇਰਾਬੱਸੀ ਵਿਖੇ ਹੋਰਨਾਂ ਸੂਬਿਆਂ ਦੇ ਸੈਲਾਨੀ ਵਾਹਨਾਂ ਵੱਲੋਂ ਪੰਜਾਬ ਟੈਕਸ ਦੀ ਚੋਰੀ ਖ਼ਿਲਾਫ਼ ਸਖ਼ਤ ਕਾਰਵਾਈ

**Gaurav Sharma**। ਆਰ.ਟੀ.ਓ. ਐਸ.ਏ.ਐਸ. ਨਗਰ ਵੱਲੋਂ ਡੇਰਾਬੱਸੀ ਵਿਖੇ ਹੋਰਨਾਂ ਸੂਬਿਆਂ ਦੇ ਸੈਲਾਨੀ ਵਾਹਨਾਂ ਵੱਲੋਂ ਪੰਜਾਬ ਟੈਕਸ ਦੀ ਚੋਰੀ ਖ਼ਿਲਾਫ਼ ਸਖ਼ਤ ਕਾਰਵਾਈ 8.22 ਲੱਖ ਰੁਪਏ ਦੇ ਜੁਰਮਾਨੇ ਤੇ ਬਕਾਇਆ ਟੈਕਸ ਲਗਾਏ; ਕਈ ਟੂਰਿਸਟ ਬੱਸਾਂ ਅਤੇ ਫੋਰਸ ਅਰਬਾਨੀਆ ਵਾਹਨ ਜ਼ਬਤ ਡੇਰਾਬਸੀ, ਅੰਤਰਰਾਜੀ ਸੈਲਾਨੀ ਟਰਾਂਸਪੋਰਟ ਆਪਰੇਟਰਾਂ ਵੱਲੋਂ ਪੰਜਾਬ ਵਿੱਚ ਟੈਕਸਾਂ ਦੀ ਕਥਿਤ ਚੋਰੀ ਸਬੰਧੀ ਮਿਲੀਆਂ ਸ਼ਿਕਾਇਤਾਂ ਦੇ ਮੱਦੇਨਜ਼ਰ ਖੇਤਰੀ ਟਰਾਂਸਪੋਰਟ ਦਫ਼ਤਰ (ਆਰ.ਟੀ.ਓ.), ਐਸ.ਏ.ਐਸ. ਨਗਰ ਵੱਲੋਂ ਡੇਰਾਬੱਸੀ ਸਬ-ਡਵੀਜ਼ਨ ਵਿੱਚ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ। ਇਹ ਚੈਕਿੰਗ ਮੁਹਿੰਮ ਖੇਤਰੀ ਟਰਾਂਸਪੋਰਟ ਅਫ਼ਸਰ ਹਰਪ੍ਰੀਤ ਸਿੰਘ ਅਟਵਾਲ ਦੀ ਅਗਵਾਈ ਹੇਠ ਸਹਾਇਕ ਖੇਤਰੀ ਟਰਾਂਸਪੋਰਟ ਅਫ਼ਸਰ ਗਗਨਦੀਪ ਸਿੰਘ ਅਤੇ ਵਿਭਾਗੀ ਅਮਲੇ ਵੱਲੋਂ ਚਲਾਈ ਗਈ। ਟੀਮ ਨੇ ਡੇਰਾਬੱਸੀ ਦੇ ਪ੍ਰਮੁੱਖ ਮਾਰਗਾਂ 'ਤੇ ਅਚਾਨਕ ਨਾਕੇ ਲਗਾ ਕੇ ਹੋਰਨਾਂ ਸੂਬਿਆਂ ਤੋਂ ਆਉਣ...

## ਮੁਕਤਸਰ: ਕਰੋੜਾਂ ਖਰਚਣ ਮਗਰੋਂ ਵੀ ਸੀਵਰੇਜ ਸਮੱਸਿਆ ਜਿਉਂ ਦੀ ਤਿਉਂ




**Paras Sharma।** ਸ੍ਰੀ ਮੁਕਤਸਰ ਸਾਹਿਬ ਸ਼ਹਿਰ ਵਿੱਚ ਕਰੋੜਾਂ ਰੁਪਏ ਦੀ ਲਾਗਤ ਨਾਲ ਵਿੱਢੇ ਗਏ ਸੀਵਰੇਜ ਪ੍ਰੋਜੈਕਟ ਦੇ ਬਾਵਜੂਦ ਲੋਕਾਂ ਨੂੰ ਅਜੇ ਤੱਕ ਸੀਵਰੇਜ ਦੀ ਸਮੱਸਿਆ ਤੋਂ ਕੋਈ ਰਾਹਤ ਨਹੀਂ ਮਿਲੀ ਹੈ। ਸ਼ਹਿਰ ਵਾਸੀਆਂ ਨੇ ਪ੍ਰਸ਼ਾਸਨ ਅਤੇ ਸਰਕਾਰ 'ਤੇ ਇਸ ਮਾਮਲੇ ਨੂੰ ਲੰਮੇ ਸਮੇਂ ਤੋਂ ਅਣਗੌਲਿਆ ਕਰਨ ਦਾ ਦੋਸ਼ ਲਾਇਆ ਹੈ। ਇਸ ਪ੍ਰੋਜੈਕਟ 'ਤੇ ਕਰੋੜਾਂ ਰੁਪਏ ਖਰਚੇ ਜਾ ਚੁੱਕੇ ਹਨ, ਪਰ ਸੀਵਰੇਜ ਦਾ ਪਾਣੀ ਅਜੇ ਵੀ ਕਈ ਇਲਾਕਿਆਂ ਵਿੱਚ ਸੜਕਾਂ 'ਤੇ ਖੜ੍ਹਾ ਹੋ ਰਿਹਾ ਹੈ, ਜਿਸ ਕਾਰਨ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਗੰਦੇ ਪਾਣੀ ਕਾਰਨ ਬਿਮਾਰੀਆਂ ਫੈਲਣ ਦਾ ਖਤਰਾ ਵੀ ਬਣਿਆ ਹੋਇਆ ਹੈ। ਸ਼ਹਿਰ ਵਾਸੀਆਂ ਨੇ ਮੰਗ ਕੀਤੀ ਹੈ ਕਿ ਇਸ ਸਮੱਸਿਆ ਦਾ ਤੁਰੰਤ ਹੱਲ ਕੀਤਾ ਜਾਵੇ ਅਤੇ ਪ੍ਰੋਜੈਕਟ ਨੂੰ ਪੂਰੀ ਤਰ੍ਹਾਂ ਮੁਕੰਮਲ ਕਰਕੇ ਲੋਕਾਂ ਨੂੰ ਰਾਹਤ ਦਿੱਤੀ ਜਾਵੇ। ਉਨ੍ਹਾਂ ਚੇਤਾਵਨੀ ਦਿੱਤੀ ਹੈ ਕਿ ਜੇਕਰ ਜਲਦ ਹੀ ਇਸ...

## ਮੁੱਖ ਮੰਤਰੀ ਸਿਹਤ ਯੋਜਨਾ: 54 ਲੱਖ ਤੋਂ ਵੱਧ ਪਰਿਵਾਰਾਂ ਨੂੰ 1300 ਕਰੋੜ ਤੋਂ ਵੱਧ ਦਾ ਮੁਫ਼ਤ ਇਲਾਜ



**Sandeep Kumar Joshi।** ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਮਿਆਰੀ ਅਤੇ ਮੁਫ਼ਤ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਦਾ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਲਾਭ ਮਿਲ ਰਿਹਾ ਹੈ। ਮੁੱਖ ਮੰਤਰੀ ਸਿਹਤ ਯੋਜਨਾ ਲੋੜਵੰਦ ਪਰਿਵਾਰਾਂ ਲਈ ਵਰਦਾਨ ਸਾਬਿਤ ਹੋ ਰਹੀ ਹੈ ਅਤੇ ਇਸ ਯੋਜਨਾ ਰਾਹੀਂ ਲੋਕਾਂ ਨੂੰ ਮਹਿੰਗੇ ਇਲਾਜ ਦੇ ਖਰਚੇ ਤੋਂ ਰਾਹਤ ਮਿਲ ਰਹੀ ਹੈ। ਵਿਧਾਇਕ ਚੱਢਾ ਨੇ ਦੱਸਿਆ ਕਿ ਹੁਣ ਤੱਕ 54 ਲੱਖ ਤੋਂ ਵੱਧ ਪਰਿਵਾਰ ਇਸ ਯੋਜਨਾ ਤਹਿਤ ਲਾਭ ਲੈ ਚੁੱਕੇ ਹਨ ਅਤੇ ਇਨ੍ਹਾਂ ਪਰਿਵਾਰਾਂ ਨੂੰ 1300 ਕਰੋੜ ਰੁਪਏ ਤੋਂ ਵੱਧ ਦਾ ਮੁਫ਼ਤ ਇਲਾਜ ਮੁਹੱਈਆ ਕਰਵਾਇਆ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਸਿਹਤ ਨਾਲ ਸਬੰਧਤ ਕਿਸੇ ਗੰਭੀਰ ਬਿਮਾਰੀ ਜਾਂ ਇਲਾਜ ਦਾ ਖਰਚਾ ਕਈ ਵਾਰ ਆਮ ਪਰਿਵਾਰ ਦੀ ਆਰਥਿਕ ਸਮਰੱਥਾ ਤੋਂ ਬਾਹਰ ਹੋ ਜਾਂਦਾ ਹੈ, ਪਰ ਅਜਿਹੇ ਸਮੇਂ ਸਰਕਾਰੀ ਸਿਹਤ ਯੋਜਨਾਵਾਂ ਲੋਕਾਂ ਲਈ ਵੱਡੀ ਮਦਦ ਸਾਬਿਤ ਹੁੰਦੀਆਂ ਹਨ। ਪੰਜ...

## ਰੂਪਨਗਰ ਵਿੱਚ ਭਾਜਪਾ ਦੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦਾ ਭਰਵਾਂ ਸਵਾਗਤ, ਲੋਕਾਂ ਨੇ 'ਆਪ' ਸਰਕਾਰ ਖਿਲਾਫ ਕੱਢੀ ਭੜਾਸ



**ਭਾਰਤੀ ਜਨਤਾ ਪਾਰਟੀ ਦੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦੇ ਰੂਪਨਗਰ ਪੁੱਜਣ 'ਤੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕ...**

**Sandeep Kumar Joshi।** ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਦੇ ਕੋਹੜ ਤੋਂ ਬਚਾਉਣ ਲਈ ਸ਼ੁਰੂ ਕੀਤੀ ਗਈ 'ਨਸ਼ਾ ਮੁਕਤ ਪੰਜਾਬ ਯਾਤਰਾ' ਦਾ ਰੂਪਨਗਰ (ਰੋਪੜ) ਵਿਖੇ ਪੁੱਜਣ 'ਤੇ ਇਲਾਕਾ ਨਿਵਾਸੀਆਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਰੂਪਨਗਰ ਵਿਖੇ ਹੋਏ ਇਸ ਵਿਸ਼ਾਲ ਇਕੱਠ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਮੌਜੂਦਾ 'ਝਾੜੂ' (ਆਮ ਆਦਮੀ ਪਾਰਟੀ) ਸਰਕਾਰ ਦੀਆਂ ਨਾਕਾਮੀਆਂ ਤੋਂ ਲੋਕ ਬੁਰੀ ਤਰ੍ਹਾਂ ਅੱਕ ਚੁੱਕੇ ਹਨ। ਲੋਕਾਂ ਦੇ ਭਾਰੀ ਸਮਰਥਨ ਸਦਕਾ ਭਾਜਪਾ ਦੀ ਇਹ ਯਾਤਰਾ ਹੁਣ ਇੱਕ ਵਿਸ਼ਾਲ ਲੋਕ ਲਹਿਰ ਦਾ ਰੂਪ ਧਾਰਨ ਕਰ ਚੁੱਕੀ ਹੈ। ਇਸ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਸੀਨੀਅਰ ਭਾਜਪਾ ਆਗੂ ਅਤੇ ਸਾਬਕਾ ਕੇਂਦਰੀ ਮੰਤਰੀ ਅਨੁਰਾਗ ਸਿੰਘ ਠਾਕੁਰ ਨੇ ਕਿਹਾ ਕਿ ਭਾਜਪਾ ਦੀ ਇਹ 'ਨਸ਼ਾ ਮੁਕਤ ਯਾਤਰਾ' ਕੇਵਲ ਇੱਕ ਸਿਆਸੀ ਪਾਰਟੀ ਦੀ ਯਾਤਰਾ ਨਹੀਂ ਹੈ, ਸਗੋਂ ਇਹ ਪੂਰੇ ਸੂਬੇ ਦੀ ਅਤੇ ਪੰਜਾਬ ਦੀ ਨੌਜਵਾਨੀ ਨੂੰ ਬਚਾਉਣ ਦੀ ਇੱਕ...

## ਰੂਪਨਗਰ ਨੇੜੇ ਬਣੇਗਾ 'ਮਹਾਰਾਜਾ ਰਣਜੀਤ ਸਿੰਘ ਗੇਟ', ਇਤਿਹਾਸਕ ਵਿਰਾਸਤ ਨੂੰ ਸੰਭਾਲਣ ਦੀ ਪਹਿਲ



**Sandeep Kumar Joshi।** ਰੂਪਨਗਰ, 23 ਸਤੰਬਰ: ਰੂਪਨਗਰ ਵਿਧਾਨ ਸਭਾ ਹਲਕੇ ਦੀ ਇਤਿਹਾਸਕ ਵਿਰਾਸਤ ਨੂੰ ਸੰਭਾਲਣ ਅਤੇ ਇਸ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਮਹਾਰਾਜਾ ਰਣਜੀਤ ਸਿੰਘ ਜੀ ਦੇ ਰਾਜ ਦੀ ਇਤਿਹਾਸਕ ਹੱਦ ਨੇੜੇ 'ਮਹਾਰਾਜਾ ਰਣਜੀਤ ਸਿੰਘ ਗੇਟ' ਦਾ ਨਿਰਮਾਣ ਕੀਤਾ ਜਾਵੇਗਾ। ਇਸ ਸਬੰਧੀ ਹਲਕਾ ਰੂਪਨਗਰ ਦੇ ਵਿਧਾਇਕ ਐਡਵੋਕੇਟ ਸ਼੍ਰੀ ਦਿਨੇਸ਼ ਚੱਢਾ ਨੇ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨਾਲ ਮੌਕੇ 'ਤੇ ਪਹੁੰਚ ਕੇ ਗੇਟ ਦੀ ਉਸਾਰੀ ਸਬੰਧੀ ਵਿਸਥਾਰਪੂਰਵਕ ਵਿਉਂਤਬੰਦੀ ਕੀਤੀ। ਇਸ ਮੌਕੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਨੇ ਕਿਹਾ ਕਿ ਰੂਪਨਗਰ ਅਤੇ ਆਸ-ਪਾਸ ਦਾ ਇਲਾਕਾ ਇਤਿਹਾਸਕ ਪੱਖੋਂ ਬੇਹੱਦ ਮਹੱਤਵਪੂਰਨ ਹੈ ਅਤੇ ਮਹਾਰਾਜਾ ਰਣਜੀਤ ਸਿੰਘ ਜੀ ਦੇ ਖ਼ਾਲਸਾ ਰਾਜ ਨਾਲ ਜੁੜੀਆਂ ਇਤਿਹਾਸਕ ਨਿਸ਼ਾਨੀਆਂ ਸਾਡੀ ਵਿਰਾਸਤੀ ਧਰੋਹਰ ਹਨ। ਇਨ੍ਹਾਂ ਇਤਿਹਾਸਕ ਸਥਾਨਾਂ ਨੂੰ ਲੋਕਾਂ ਨਾਲ ਜੋੜਨ ਅਤੇ ਇਲਾਕੇ ਦੀ ਇਤਿਹਾਸਕ ਮਹੱਤਤਾ...

### ਬਾਈਕ ਸਵਾਰ ਵੱਲੋਂ ਸਾਈਕਲ ਚਲਾ ਰਹੇ ਬੱਚੇ ਨੂੰ ਮਾਰੀ ਲੱਤ, ਘਟਨਾ ਕੈਮਰੇ 'ਚ ਕੈਦ




**Amandeep Singh।** ਇੱਕ ਹੈਰਾਨ ਕਰਨ ਵਾਲੀ ਘਟਨਾ ਵਿੱਚ, ਇੱਕ ਬਾਈਕ ਸਵਾਰ ਨੇ ਸਾਈਕਲ ਚਲਾ ਰਹੇ ਇੱਕ ਬੱਚੇ ਨੂੰ ਬੇਰਹਿਮੀ ਨਾਲ ਲੱਤ ਮਾਰ ਕੇ ਸੁੱਟ ਦਿੱਤਾ। ਇਹ ਘਟਨਾ ਉਦੋਂ ਵਾਪਰੀ ਜਦੋਂ ਬੱਚਾ ਆਪਣੀ ਸਾਈਕਲ 'ਤੇ ਸਵਾਰ ਹੋ ਕੇ ਜਾ ਰਿਹਾ ਸੀ। ਇਸ ਘਟਨਾ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ, ਜਿਸ ਵਿੱਚ ਦੇਖਿਆ ਜਾ ਸਕਦਾ ਹੈ ਕਿ ਕਿਵੇਂ ਬਾਈਕ ਸਵਾਰ ਨੇ ਬੱਚੇ ਨੂੰ ਸਾਈਕਲ ਸਮੇਤ ਜ਼ਮੀਨ 'ਤੇ ਡੇਗ ਦਿੱਤਾ। ਇਸ ਘਟਨਾ ਨੇ ਲੋਕਾਂ ਵਿੱਚ ਭਾਰੀ ਰੋਸ ਪੈਦਾ ਕਰ ਦਿੱਤਾ ਹੈ ਅਤੇ ਅਜਿਹੇ ਸ਼ਰਾਰਤੀ ਵਿਅਕਤੀਆਂ ਖਿਲਾਫ ਸਖਤ ਕਾਰਵਾਈ ਦੀ ਮੰਗ ਕੀਤੀ ਜਾ ਰਹੀ ਹੈ। ਇਸ ਘਟਨਾ ਨੇ ਸਵਾਲ ਖੜ੍ਹੇ ਕੀਤੇ ਹਨ ਕਿ ਕੀ ਅਜਿਹੇ ਲੋਕਾਂ ਨੂੰ ਸਜ਼ਾ ਮਿਲਣੀ ਚਾਹੀਦੀ ਹੈ ਜੋ ਬੱਚਿਆਂ ਨਾਲ ਅਜਿਹੀ ਬਦਸਲੂਕੀ ਕਰਦੇ ਹਨ। ਲੋਕਾਂ ਦਾ ਕਹਿਣਾ ਹੈ ਕਿ ਅਜਿਹੀਆਂ ਹਰਕਤਾਂ ਬੱਚਿਆਂ ਦੀ ਸੁਰੱਖਿਆ ਲਈ ਖਤਰਾ ਹਨ ਅਤੇ ਇਨ੍ਹਾਂ 'ਤੇ ਤੁਰੰਤ ਰੋਕ ਲਗਾਈ ਜਾਣੀ ਚਾਹੀਦੀ ਹ...

### ਸ੍ਰੀ ਅਗਰਵਾਲ ਧਰਮਸ਼ਾਲਾ ਸਮਾਣਾ ਵਿੱਚ ਵਾਮਨ ਜਯੰਤੀ ਬਹੁਤ ਹੀ ਹਰਸ਼ੋ ਉਲਾਸ ਨਾਲ ਮਨਾਈ ਗਈ



**Sushil Sharma।** ਸੁਸ਼ੀਲ ਸ਼ਰਮਾ ਸਮਾਣਾ ਪਟਿਆਲਾ ਬਿਊਰੋ ਰਿਪੋਰਟ ਨੀਡ 24ਨਿਊਜ਼ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਅਗਰਵਾਲ ਧਰਮਸ਼ਾਲਾ ਅਤੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜੀ ਅਤੇ ਸਮੂਹ ਮੈਂਬਰ ਸਾਹਿਬਾਨ ਦੁਆਰਾ ਇਹ ਵਾਮਨ ਜਯੰਤੀ ਦਾ ਤਿਉਹਾਰ ਬਹੁਤ ਵਧੀਆ ਤਰੀਕੇ ਨਾਲ ਮਨਾਇਆ ਗਿਆ। ਇਸ ਦੇ ਮੁੱਖ ਮਹਿਮਾਨ ਸਮਾਣਾ ਦੀ ਐਸ.ਡੀ.ਐਮ. ਰਿਚਾ ਗੋਇਲ ਜੀ ਸਨ। ਉਨ੍ਹਾਂ ਨੇ ਜੋਤ ਜਗਾ ਕੇ ਵਾਮਨ ਭਗਵਾਨ ਦੀ ਆਰਤੀ ਕੀਤੀ। ਉਸ ਤੋਂ ਬਾਅਦ ਸਮਾਣਾ ਦੇ ਵੱਖ-ਵੱਖ ਸਕੂਲਾਂ ਦੇ ਬੱਚਿਆਂ ਦਾ ਰੰਗਾਰੰਗ ਪ੍ਰੋਗਰਾਮ ਸ਼ੁਰੂ ਹੋਇਆ। ਉਸ ਤੋਂ ਬਾਅਦ ਅਗਰਵਾਲ ਧਰਮਸ਼ਾਲਾ ਅਤੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦਰਸ਼ਨ ਮਿੱਤਲ ਜੀ ਅਤੇ ਸਾਰੇ ਮੈਂਬਰ ਸਾਹਿਬਾਨ ਨੇ ਮਿਲ ਕੇ ਉੱਥੇ ਪਹੁੰਚੇ ਹੋਏ ਸਨਮਾਨਯੋਗ ਲੋਕਾਂ ਨੂੰ ਸਨਮਾਨਿਤ ਕੀਤਾ, ਜਿਨ੍ਹਾਂ ਵਿੱਚ ਅਕਾਲੀ ਦਲ ਸਮਾਣਾ ਦੀ ਟੀਮ ਸਮੇਤ ਹਰਏਯੂ ਸਾਬ, ਬੀ.ਜੇ.ਪੀ. ਸਮਾਣਾ ਦੇ ਖੇੜਕੀ ਸਾਬ, ਨੀਰਜ ਗੁਪਤਾ ਜੀ, ਰਾਜ...

### ਰੋਟਰੀ ਕਲੱਬ ਸਮਾਣਾ ਸਿਟੀ ਨੇ ਐਸ.ਡੀ. ਮਾਡਲ ਸਕੂਲ ਸਮਾਣਾ ਦੇ ਲੋੜਵੰਦ ਬੱਚਿਆਂ ਦੀ ਫੀਸ ਦੀ ਸੇਵਾ ਕੀਤੀ

**Sushil Sharma।** ਸੁਸ਼ੀਲ ਸ਼ਰਮਾ ਸਮਾਣਾ ਪਟਿਆਲਾ ਲੋੜ 24ਨਿਊਜ਼ ਅੱਜ ਰੋਟਰੀ ਕਲੱਬ ਸਮਾਣਾ ਸਿਟੀ ਦੇ ਮੈਂਬਰਾਂ ਨੇ ਐਸ.ਡੀ. ਮਾਡਲ ਸਕੂਲ ਸਮਾਣਾ ਦੇ ਲੋੜਵੰਦ ਬੱਚਿਆਂ ਦੀ ਫੀਸ ਦੀ ਸੇਵਾ ਕੀਤੀ। ਜੋ ਬੱਚੇ ਫੀਸ ਦੇਣ ਵਿੱਚ ਅਸਮਰੱਥ ਹਨ ਪਰ ਪੜ੍ਹਾਈ ਵਿੱਚ ਹੋਣਹਾਰ ਹਨ, ਉਨ੍ਹਾਂ ਬੱਚਿਆਂ ਦੀ ਪੂਰੇ ਸਾਲ ਦੀ ਫੀਸ ਭਰ ਦਿੱਤੀ ਗਈ ਹੈ ਅਤੇ ਬਾਕੀ ਲੋੜਵੰਦ ਬੱਚਿਆਂ ਲਈ ਵੀ ਬੋਲ ਕੇ ਗਏ। ਐਸ.ਡੀ. ਮਾਡਲ ਸਕੂਲ ਦੇ ਪ੍ਰਿੰਸੀਪਲ ਸੁਸ਼ੀਲ ਸ਼ਰਮਾ, ਰੂਬੀ ਡੇਮਲਾ, ਸ਼ਿਲਪਾ ਮੈਡਮ, ਸੋਨੂੰ ਮੈਡਮ, ਕਪਿਲ ਮੈਡਮ ਅਤੇ ਸਾਡੇ ਰਾਸ਼ਟਰੀ ਪੁਰਸਕਾਰ ਜੇਤੂ ਪਰਮਜੀਤ ਲਾਲ ਵੀ ਉਨ੍ਹਾਂ ਦੇ ਨਾਲ ਮੌਜੂਦ ਸਨ। ਸੁਸ਼ੀਲ ਸ਼ਰਮਾ ਨੇ ਸਾਰਿਆਂ ਦਾ ਉੱਥੇ ਪਹੁੰਚਣ ਲਈ ਵਿਸ਼ੇਸ਼ ਧੰਨਵਾਦ ਕੀਤਾ। ਸਮਾਜ ਵਿੱਚ ਅਜਿਹੇ ਲੋਕ ਹਨ ਜੋ ਲੋੜਵੰਦਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਦੇ ਹਨ। ਰੱਬ ਅਜਿਹੇ ਲੋਕਾਂ ਨੂੰ ਹਮੇਸ਼ਾ ਅਸੀਸ ਦੇਵੇ ਤਾਂ ਜੋ ਉਹ ਇਸੇ ਤਰ੍ਹਾਂ ਦਾ ਕੰਮ ਕਰਦੇ ਰਹਿਣ। ਧ...

### ਰੂਪਨਗਰ: ਜਤੋਲੀ ਵਿਖੇ 49 ਲੱਖ ਰੁਪਏ ਦੇ ਨਵੇਂ ਟਿਊਬਵੈੱਲ ਦਾ ਉਦਘਾਟਨ, 100 ਏਕੜ ਰਕਬੇ ਨੂੰ ਮਿਲੇਗੀ ਸਿੰਚਾਈ ਸਹੂਲਤ

**Sandeep Kumar Joshi।** ਰੂਪਨਗਰ: ਜਤੋਲੀ ਵਿਖੇ ਕਿਸਾਨਾਂ ਨੂੰ ਸਿੰਚਾਈ ਲਈ ਬਿਹਤਰ ਪਾਣੀ ਦੀ ਸਹੂਲਤ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਤਿਆਰ ਕੀਤੇ ਗਏ ਨਵੇਂ ਟਿਊਬਵੈੱਲ ਦਾ ਉਦਘਾਟਨ ਹਲਕਾ ਰੂਪਨਗਰ ਦੇ ਵਿਧਾਇਕ ਐਡਵੋਕੇਟ ਦਿਨੇਸ਼ ਕੁਮਾਰ ਚੱਢਾ ਵੱਲੋਂ ਕੀਤਾ ਗਿਆ। ਇਸ ਮੌਕੇ ਟਿਊਬਵੈੱਲ ਕਾਰਪੋਰੇਸ਼ਨ ਦੇ ਅਧਿਕਾਰੀ, ਐਸ.ਡੀ.ਓ., ਐਕਸੀਅਨ ਅਤੇ ਹੋਰ ਸਬੰਧਤ ਅਧਿਕਾਰੀ ਵੀ ਮੌਜੂਦ ਸਨ। ਵਿਧਾਇਕ ਦਿਨੇਸ਼ ਕੁਮਾਰ ਚੱਢਾ ਨੇ ਕਿਹਾ ਕਿ ਖੇਤੀਬਾੜੀ ਲਈ ਪਾਣੀ ਦੀ ਉਪਲਬਧਤਾ ਕਿਸਾਨਾਂ ਲਈ ਬਹੁਤ ਮਹੱਤਵਪੂਰਨ ਹੈ ਅਤੇ ਇਸੇ ਲੋੜ ਨੂੰ ਧਿਆਨ ਵਿੱਚ ਰੱਖਦਿਆਂ ਜਤੋਲੀ ਵਿਖੇ ਇਹ ਟਿਊਬਵੈੱਲ ਪ੍ਰਾਜੈਕਟ ਮੁਕੰਮਲ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਟਿਊਬਵੈੱਲ ਦੇ ਨਿਰਮਾਣ 'ਤੇ ਕੁੱਲ 49 ਲੱਖ ਰੁਪਏ ਦੀ ਲਾਗਤ ਆਈ ਹੈ। ਇਹ ਟਿਊਬਵੈੱਲ ਲਗਭਗ 100 ਏਕੜ ਰਕਬੇ ਨੂੰ ਸਿੰਚਾਈ ਦੀ ਸਹੂਲਤ ਪ੍ਰਦਾਨ ਕਰੇਗਾ। ਟਿਊਬਵੈੱਲ ਦੀ ਡੂੰਘਾਈ ਕਰੀਬ 1000 ਫੁੱਟ ਹੈ, ਜਦਕਿ ਪਾਣੀ ਦੀ ਸਪਲਾਈ...

## ਜਗਦੇਵ ਸਿੰਘ ਕਮਾਲੂ ਨੇ ਪੰਜਾਬ ਕਾਂਗਰਸ ਇੰਚਾਰਜ ਸਚਿਨ ਪਾਇਲਟ ਨਾਲ ਕੀਤੀ ਮੁਲਾਕਾਤ



**Jiwan kumar, Bathinda।** ਮੌੜ ਮੰਡੀ, 24 ਸਤੰਬਰ (ਜੀਵਨ ਬਾਂਸਲ ) ਵਿਧਾਨ ਸਭਾ ਹਲਕਾ ਮੌੜ ਤੋਂ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਵਿਧਾਇਕ ਜਗਦੇਵ ਸਿੰਘ ਕਮਾਲੂ ਨੇ ਅੱਜ ਪੰਜਾਬ ਕਾਂਗਰਸ ਦੇ ਇੰਚਾਰਜ ਸ੍ਰੀ ਸਚਿਨ ਪਾਇਲਟ ਨਾਲ ਮੁਲਾਕਾਤ ਕੀਤੀ। ਇਸ ਮੌਕੇ ਦੋਵਾਂ ਆਗੂਆਂ ਵਿਚਕਾਰ ਪੰਜਾਬ ਦੀ ਮੌਜੂਦਾ ਸਿਆਸੀ ਸਥਿਤੀ ਤੋਂ ਇਲਾਵਾ ਵਿਧਾਨ ਸਭਾ ਹਲਕਾ ਮੌੜ ਨਾਲ ਸਬੰਧਤ ਵੱਖ-ਵੱਖ ਮੁੱਦਿਆਂ ਅਤੇ ਪਾਰਟੀ ਦੀਆਂ ਗਤੀਵਿਧੀਆਂ ਬਾਰੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਹੋਇਆ। ਮੁਲਾਕਾਤ ਸਬੰਧੀ ਜਾਣਕਾਰੀ ਦਿੰਦਿਆਂ ਸਾਬਕਾ ਵਿਧਾਇਕ ਜਗਦੇਵ ਸਿੰਘ ਕਮਾਲੂ ਨੇ ਦੱਸਿਆ ਕਿ ਪੰਜਾਬ ਕਾਂਗਰਸ ਇੰਚਾਰਜ ਸਚਿਨ ਪਾਇਲਟ ਨਾਲ ਬਹੁਤ ਹੀ ਸੁਖਾਵੇਂ ਅਤੇ ਸੁਹਿਰਦ ਮਾਹੌਲ ਵਿੱਚ ਗੱਲਬਾਤ ਹੋਈ। ਉਨ੍ਹਾਂ ਦੱਸਿਆ ਕਿ ਮੁਲਾਕਾਤ ਦੌਰਾਨ ਹਲਕਾ ਮੌੜ ਦੀ ਮੌਜੂਦਾ ਸਿਆਸੀ ਸਥਿਤੀ, ਪਾਰਟੀ ਦੀਆਂ ਗਤੀਵਿਧੀਆਂ ਅਤੇ ਜ਼ਮੀਨੀ ਪੱਧਰ 'ਤੇ ਕਾਂਗਰਸ ਦੀ ਕਾਰਗੁਜ਼ਾਰੀ ਬਾਰੇ ਵਿਚਾਰ ਸਾਂਝੇ...

### ਮਾਲੇਰਕੋਟਲਾ ਪੁਲਿਸ ਵਲੋਂ ਫਲੈਗ ਮਾਰਚ



**Kimmy Arora।** ਮਾਲੇਰਕੋਟਲਾ ਪੁਲਿਸ ਵੱਲੋਂ ਅਪਰਾਧ ਅਤੇ ਨਸ਼ਿਆਂ ਦੀ ਰੋਕਥਾਮ ਲਈ ਫਲੈਗ ਮਾਰਚ • ਤਿਉਹਾਰਾਂ ਦੇ ਮੱਦੇਨਜ਼ਰ ਬਾਜ਼ਾਰਾਂ ਵਿੱਚ ਭਾਰੀ ਪੁਲਿਸ ਬਲ ਵੱਲੋਂ ਮਾਰਚ; ਐੱਸ.ਐੱਸ.ਪੀ. ਨੇ ਕਿਹਾ—ਅਮਨ-ਸ਼ਾਂਤੀ ਭੰਗ ਕਰਨ ਵਾਲਿਆਂ ਖ਼ਿਲਾਫ਼ ਹੋਵੇਗੀ ਸਖ਼ਤ ਕਾਰਵਾਈ • ਮਾਲੇਰਕੋਟਲਾ ਵਿੱਚ ਪੁਲਿਸ ਸਹਾਇਤਾ ਲਈ 112 'ਤੇ ਕਾਲ ਕਰੋ, 5 ਮਿੰਟਾਂ ਵਿੱਚ ਪਹੁੰਚੇਗੀ ਪੁਲਿਸ ਈ.ਆਰ.ਵੀ • 24 ਘੰਟੇ ਪੁਲਿਸ ਸਹਾਇਤਾ ਲਈ ਈ.ਆਰ.ਵੀ ਅਤੇ ਪੀ.ਸੀ.ਆਰ ਪ੍ਰਬੰਧ ਮਜ਼ਬੂਤ; ਭੀੜ-ਭਾੜ ਵਾਲੇ ਇਲਾਕਿਆਂ ਵਿੱਚ ਵਧਾਈ ਜਾਵੇਗੀ ਗਸ਼ਤ ਮਾਲੇਰਕੋਟਲਾ, 24 ਸਤੰਬਰ 2026: ਤਿਉਹਾਰਾਂ ਦੇ ਸੀਜ਼ਨ ਦੇ ਮੱਦੇਨਜ਼ਰ ਮਾਲੇਰਕੋਟਲਾ ਪੁਲਿਸ ਵੱਲੋਂ ਵੀਰਵਾਰ ਨੂੰ ਸ਼ਹਿਰ ਦੇ ਮੁੱਖ ਬਾਜ਼ਾਰਾਂ ਅਤੇ ਸੰਵੇਦਨਸ਼ੀਲ ਇਲਾਕਿਆਂ ਵਿੱਚ ਫਲੈਗ ਮਾਰਚ ਕੀਤਾ ਗਿਆ। ਇਸ ਦਾ ਮਕਸਦ ਲੋਕਾਂ ਨੂੰ ਸੁਰੱਖਿਆ ਦਾ ਭਰੋਸਾ ਦਿਵਾਉਣ ਦੇ ਨਾਲ-ਨਾਲ ਅਪਰਾਧੀਆਂ, ਨਸ਼ਾ ਤਸਕਰਾਂ ਅਤੇ ਸਮ...

### ਰੂਪਨਗਰ: 70ਵੀਆਂ ਅੰਤਰ ਸਕੂਲ ਜ਼ਿਲ੍ਹਾ ਖੇਡਾਂ ਨਿਸ਼ਾਨੇਬਾਜ਼ੀ ਮੁਕਾਬਲਿਆਂ ਦਾ ਸਫਲ ਸਮਾਪਤੀ

**Sandeep Kumar Joshi।** ਰੂਪਨਗਰ, 24 ਸਤੰਬਰ: 70ਵੀਆਂ ਅੰਤਰ ਸਕੂਲ ਜ਼ਿਲ੍ਹਾ ਖੇਡਾਂ, ਜਿਸ ਵਿੱਚ ਨਿਸ਼ਾਨੇਬਾਜ਼ੀ ਅੰਡਰ 14 ਅਤੇ 19 ਸਾਲ (ਲੜਕੇ/ਲੜਕੀਆਂ) ਦੇ ਮੁਕਾਬਲੇ ਸ਼ਾਮਲ ਸਨ, ਅੱਜ ਸ਼ਾਨਦਾਰ ਢੰਗ ਨਾਲ ਸਮਾਪਤ ਹੋ ਗਈਆਂ। ਇਨ੍ਹਾਂ ਖੇਡਾਂ ਵਿੱਚ ਲਗਭਗ 50 ਖਿਡਾਰੀਆਂ ਨੇ ਹਿੱਸਾ ਲਿਆ ਅਤੇ ਆਪਣੀ ਸਖ਼ਤ ਮਿਹਨਤ ਅਤੇ ਹੁਨਰ ਦਾ ਪ੍ਰਦਰਸ਼ਨ ਕੀਤਾ। ਇਹ ਖੇਡਾਂ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਰੂਪਨਗਰ, ਸ੍ਰੀ ਪ੍ਰੇਮ ਮਿੱਤਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਸ਼੍ਰੀਮਤੀ ਸ਼ਰਨਜੀਤ ਕੌਰ ਦੀ ਰਹਿਨੁਮਾਈ ਹੇਠ ਆਯੋਜਿਤ ਕੀਤੀਆਂ ਗਈਆਂ। ਕਨਵੀਨਰ ਸ਼੍ਰੀ ਰਾਜਨ ਚੋਪੜਾ, ਪ੍ਰਿੰਸੀਪਲ ਸਾਹਿਬਜ਼ਾਦਾ ਅਜੀਤ ਸਿੰਘ ਅਕੈਡਮੀ ਰੂਪਨਗਰ ਦੀ ਨਿਗਰਾਨੀ ਹੇਠ ਹੋਏ ਇਨ੍ਹਾਂ ਮੁਕਾਬਲਿਆਂ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਸ. ਨਰਿੰਦਰ ਸਿੰਘ, ਸਟੇਟ ਐਵਾਰਡੀ, ਨੇ ਆਪਣੀ ਟੀਮ ਨਾਲ ਦੋ ਦਿਨ ਭਰਪੂਰ ਯੋਗਦਾਨ ਪਾਇਆ। ਇਨ੍ਹਾਂ ਖੇਡਾਂ...

## ਰੂਪਨਗਰ: ਕਮਲ ਚੌਹਾਨ ਨੇ 46ਵੇਂ ਭਗਵਤੀ ਜਾਗਰਣ ਵਿੱਚ ਕੀਤੀ ਸ਼ਮੂਲੀਅਤ, ਪ੍ਰਬੰਧਕਾਂ ਨੇ ਕੀਤਾ ਸਨਮਾਨਿਤ



**Sandeep Kumar Joshi।** ਬੀਤੀ ਰਾਤ ਰੋਪੜ ਦੇ ਰਾਮਲੀਲਾ ਗਰਾਊਂਡ ਵਿੱਚ ਮਾਤਾ ਮਨਸਾ ਦੇਵੀ ਪ੍ਰਬੰਧਕ ਕਮੇਟੀ ਵੱਲੋਂ 46ਵੇਂ ਵਿਸ਼ਾਲ ਭਗਵਤੀ ਜਾਗਰਣ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਸਮਾਜ ਸੇਵੀ ਅਤੇ ਖੇਡ ਪ੍ਰਮੋਟਰ ਕਮਲ ਚੌਹਾਨ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਕਮਲ ਚੌਹਾਨ ਨੇ ਜਾਗਰਣ ਵਿੱਚ ਪਹੁੰਚੀਆਂ ਸਮੂਹ ਸੰਗਤਾਂ ਨੂੰ ਜੀ ਆਇਆਂ ਆਖਿਆ ਅਤੇ ਇਸ ਵਿਸ਼ਾਲ ਆਯੋਜਨ ਲਈ ਮਾਤਾ ਮਨਸਾ ਦੇਵੀ ਪ੍ਰਬੰਧਕ ਕਮੇਟੀ ਦੇ ਸਾਰੇ ਮੈਂਬਰਾਂ ਨੂੰ ਵਧਾਈਆਂ ਦਿੱਤੀਆਂ। ਉਨ੍ਹਾਂ ਨੇ ਸਮਾਗਮ ਦੇ ਸੁਚੱਜੇ ਪ੍ਰਬੰਧਾਂ ਦੀ ਸ਼ਲਾਘਾ ਕੀਤੀ। ਜਾਗਰਣ ਕਮੇਟੀ ਵੱਲੋਂ ਸਮਾਜ ਸੇਵੀ ਕਮਲ ਚੌਹਾਨ ਦੇ ਯੋਗਦਾਨ ਅਤੇ ਸ਼ਮੂਲੀਅਤ ਦੇ ਸਨਮਾਨ ਵਿੱਚ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਾਜ਼ਰ ਸਨ।

## ਰੂਪਨਗਰ ਵਿੱਚ 22 ਤੋਂ 28 ਸਤੰਬਰ ਤੱਕ ਮਨਾਇਆ ਜਾ ਰਿਹਾ ਹੈ ਵਿਸ਼ਵ ਰੇਬੀਜ਼ ਹਫ਼ਤਾ, ਜਾਗਰੂਕਤਾ ਨੂੰ ਦਿੱਤਾ ਜਾ ਰਿਹਾ ਹੈ ਬਲ

**Sandeep Kumar Joshi।** ਸਿਹਤ ਵਿਭਾਗ ਰੂਪਨਗਰ ਵੱਲੋਂ 22 ਤੋਂ 28 ਸਤੰਬਰ ਤੱਕ ਵਿਸ਼ਵ ਰੇਬੀਜ਼ ਹਫ਼ਤਾ ਮਨਾਇਆ ਜਾ ਰਿਹਾ ਹੈ। ਇਸ ਮੌਕੇ ਸਿਵਲ ਸਰਜਨ ਰੂਪਨਗਰ ਡਾ. ਵਿਵੇਕ ਕਟਾਰੀਆ ਨੇ ਦੱਸਿਆ ਕਿ ਇਸ ਜਾਗਰੂਕਤਾ ਹਫ਼ਤੇ ਦਾ ਮੁੱਖ ਉਦੇਸ਼ ਆਮ ਲੋਕਾਂ ਨੂੰ ਰੇਬੀਜ਼ ਵਰਗੀ ਜਾਨਲੇਵਾ ਬਿਮਾਰੀ ਦੇ ਖ਼ਤਰਿਆਂ ਅਤੇ ਇਸ ਤੋਂ ਬਚਾਅ ਦੇ ਢੰਗਾਂ ਬਾਰੇ ਜਾਗਰੂਕ ਕਰਨਾ ਹੈ। ਉਨ੍ਹਾਂ ਕਿਹਾ ਕਿ ਰੇਬੀਜ਼ ਇੱਕ ਗੰਭੀਰ ਬਿਮਾਰੀ ਹੈ, ਪਰ ਜਾਨਵਰ ਦੇ ਕੱਟਣ ਜਾਂ ਸੰਪਰਕ ਵਿੱਚ ਆਉਣ ਤੋਂ ਬਾਅਦ ਸਮੇਂ ਸਿਰ ਸਹੀ ਇਲਾਜ ਅਤੇ ਟੀਕਾਕਰਨ ਨਾਲ ਇਸ ਤੋਂ ਬਚਾਅ ਸੰਭਵ ਹੈ। ਡਾ. ਵਿਵੇਕ ਕਟਾਰੀਆ ਨੇ ਦੱਸਿਆ ਕਿ ਵਿਸ਼ਵ ਰੇਬੀਜ਼ ਹਫ਼ਤੇ ਦੌਰਾਨ ਜ਼ਿਲ੍ਹੇ ਦੇ ਸਰਕਾਰੀ ਹਸਪਤਾਲਾਂ, ਕਮਿਊਨਿਟੀ ਹੈਲਥ ਸੈਂਟਰਾਂ ਅਤੇ ਪ੍ਰਾਇਮਰੀ ਹੈਲਥ ਸੈਂਟਰਾਂ ਵਿਖੇ ਜਾਗਰੂਕਤਾ ਕੈਂਪ, ਸੈਮੀਨਾਰ ਅਤੇ ਹੋਰ ਗਤੀਵਿਧੀਆਂ ਕਰਵਾਈਆਂ ਜਾਣਗੀਆਂ। ਇਸ ਤੋਂ ਇਲਾਵਾ ਸਕੂਲਾਂ, ਆਂਗਣਵਾੜੀ ਕੇਂਦਰਾਂ ਅਤੇ ਭਾਈਚਾਰਕ...

## ਪਿੰਡ ਘਨੌਲੀ ਦੀ ਛਿੰਝ ਮੇਲੇ 'ਚ ਦਿਨੇਸ਼ ਗੋਲੀਆ ਨੇ ਦਾਦਾ ਸ਼ੇਲਕੇ ਨੂੰ ਹਰਾ ਕੇ ਜਿੱਤਿਆ ਖਿਤਾਬ



**Sandeep Kumar Joshi।** ਪਿੰਡ ਘਨੌਲੀ ਵਿਖੇ ਕਰਵਾਇਆ ਗਿਆ ਰਵਾਇਤੀ ਛਿੰਝ ਮੇਲਾ ਪਹਿਲਵਾਨਾਂ ਦੀਆਂ ਜ਼ਬਰਦਸਤ ਕੁਸ਼ਤੀਆਂ, ਦਰਸ਼ਕਾਂ ਦੀਆਂ ਤਾੜੀਆਂ ਅਤੇ ਢੋਲ ਦੀਆਂ ਗੂੰਜਾਂ ਦਰਮਿਆਨ ਯਾਦਗਾਰੀ ਪੈੜਾਂ ਛੱਡਦਾ ਹੋਇਆ ਸੰਪੰਨ ਹੋਇਆ। ਛਿੰਝ ਦੇ ਅਖਾੜੇ ਵਿੱਚ ਜਦੋਂ ਪਹਿਲਵਾਨਾਂ ਨੇ ਮਿੱਟੀ ਨੂੰ ਮੱਥਾ ਟੇਕ ਕੇ ਦਾਅ-ਪੇਚ ਅਜ਼ਮਾਏ ਤਾਂ ਮਾਹੌਲ ਪੂਰੀ ਤਰ੍ਹਾਂ ਜੋਸ਼ ਅਤੇ ਉਤਸ਼ਾਹ ਨਾਲ ਭਰ ਗਿਆ। ਦੂਰ-ਦੁਰਾਡੇ ਤੋਂ ਪੁੱਜੇ ਕੁਸ਼ਤੀ ਪ੍ਰੇਮੀਆਂ ਨੇ ਅਖਾੜੇ ਵਿੱਚ ਹੋਏ ਮੁਕਾਬਲਿਆਂ ਦਾ ਖ਼ੂਬ ਆਨੰਦ ਮਾਣਿਆ। ਛਿੰਝ ਮੇਲੇ ਦੀ ਸਭ ਤੋਂ ਖਿੱਚ ਦਾ ਕੇਂਦਰ ਰਹੀ ਮਾਲੀ ਦੀ ਕੁਸ਼ਤੀ, ਜਿਸ ਵਿੱਚ ਨਾਮਵਰ ਪਹਿਲਵਾਨ ਦਿਨੇਸ਼ ਗੋਲੀਆ ਅਤੇ ਦਾਦਾ ਸ਼ੇਲਕੇ ਆਹਮੋ-ਸਾਹਮਣੇ ਹੋਏ। ਦੋਵਾਂ ਪਹਿਲਵਾਨਾਂ ਨੇ ਆਪਣੀ ਤਾਕਤ, ਫੁਰਤੀ ਅਤੇ ਸ਼ਾਨਦਾਰ ਦਾਅ-ਪੇਚਾਂ ਨਾਲ ਦਰਸ਼ਕਾਂ ਨੂੰ ਰੋਮਾਂਚਿਤ ਕੀਤਾ। ਅਖਾੜੇ ਦੀ ਮਿੱਟੀ 'ਚ ਜਦੋਂ ਦੋਵੇਂ ਪਹਿਲਵਾਨ ਭਿੜੇ ਤਾਂ ਹਰ ਦਾਅ ਨਾਲ ਦਰਸ਼ਕਾਂ ਦੀਆ...

## ਰੂਪਨਗਰ ਦੇ ਪਰਿਵਾਰ ਵਿਛੋੜਾ ਪਬਲਿਕ ਸਕੂਲ ਵਿੱਚ ਵਿਸ਼ਵ ਪੰਜਾਬੀ ਦਿਵਸ ਮਨਾਇਆ ਗਿਆ




**ਰੂਪਨਗਰ ਦੇ ਸਰਸਾ ਨੰਗਲ ਸਥਿਤ ਪਰਿਵਾਰ ਵਿਛੋੜਾ ਪਬਲਿਕ ਸਕੂਲ ਵਿਖੇ ਵਿਸ਼ਵ ਪੰਜਾਬੀ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਹ ਸਮਾਗਮ ਬਾ...**

**Sandeep Kumar Joshi।** ਰੂਪਨਗਰ, 24 ਸਤੰਬਰ: ਪਰਿਵਾਰ ਵਿਛੋੜਾ ਪਬਲਿਕ ਸਕੂਲ, ਸਰਸਾ ਨੰਗਲ ਰੋਪੜ ਵਿਖੇ ਵਿਸ਼ਵ ਪੰਜਾਬੀ ਦਿਵਸ ਬੜੇ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ ਗਿਆ। ਇਹ ਸਮਾਗਮ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼੍ਰੀ ਅੰਮ੍ਰਿਤਸਰ ਸਾਹਿਬ ਅਤੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਬਹਾਦਰਗੜ੍ਹ, ਪਟਿਆਲਾ ਦੀ ਰਹਿਨੁਮਾਈ ਹੇਠ ਆਯੋਜਿਤ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਵਿੱਦਿਆ ਸਕੱਤਰ ਸ. ਸੁਖਮਿੰਦਰ ਸਿੰਘ, ਸਹਾਇਕ ਡਾਇਰੈਕਟਰ ਬੀਬਾ ਸਤਵੰਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਪ੍ਰਿੰਸੀਪਲ ਸਰਦਾਰ ਸਰਬਜੀਤ ਸਿੰਘ ਦੀ ਅਗਵਾਈ ਪ੍ਰਾਪਤ ਹੋਈ। ਇਹ ਵਿਸ਼ੇਸ਼ ਸਮਾਗਮ ਬਾਬਾ ਫਰੀਦ ਜੀ ਦੇ ਆਗਮਨ ਪੁਰਬ ਨੂੰ ਸਮਰਪਿਤ ਕੀਤਾ ਗਿਆ ਸੀ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਪੰਜਾਬੀ ਭਾਸ਼ਾ ਦੀ ਮਹੱਤਤਾ, ਪੰਜਾਬੀ ਸਾਹਿਤ ਅਤੇ...

## ਪਿੰਡ ਭਨੂੰਹਾ ਵਿਖੇ ਵਿਧਾਇਕ ਦਿਨੇਸ਼ ਚੱਢਾ ਨੇ ਕੀਤੀ ਲੋਕ ਮਿਲਣੀ, ਵਿਕਾਸ ਲਈ 5 ਲੱਖ ਰੁਪਏ ਦੀ ਗ੍ਰਾਂਟ ਦਿੱਤੀ



**Sandeep Kumar Joshi।** ਹਲਕਾ ਰੂਪਨਗਰ ਦੇ ਪਿੰਡ ਭਨੂੰਹਾ ਵਿਖੇ ਹਲਕਾ ਵਿਧਾਇਕ ਦਿਨੇਸ਼ ਚੱਢਾ ਵੱਲੋਂ ਇੱਕ ਲੋਕ ਮਿਲਣੀ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਵਿਧਾਇਕ ਨੇ ਪਿੰਡ ਭਨੂੰਹਾ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸੁਣਿਆ ਅਤੇ ਪਿੰਡ ਦੇ ਵਿਕਾਸ ਕਾਰਜਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ। ਪਿੰਡ ਵਾਸੀਆਂ ਵੱਲੋਂ ਪਿੰਡ ਨਾਲ ਸਬੰਧਤ ਵੱਖ-ਵੱਖ ਮਸਲੇ ਵਿਧਾਇਕ ਦੇ ਧਿਆਨ ਵਿੱਚ ਲਿਆਂਦੇ ਗਏ, ਜਿਨ੍ਹਾਂ ਨੂੰ ਉਨ੍ਹਾਂ ਨੇ ਗੰਭੀਰਤਾ ਨਾਲ ਸੁਣਿਆ ਅਤੇ ਸਬੰਧਤ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਹੱਲ ਕਰਵਾਉਣ ਦਾ ਭਰੋਸਾ ਦਿੱਤਾ। ਇਸ ਮੌਕੇ ਵਿਧਾਇਕ ਦਿਨੇਸ਼ ਚੱਢਾ ਵੱਲੋਂ ਪਿੰਡ ਭਨੂੰਹਾ ਦੇ ਵਿਕਾਸ ਕਾਰਜਾਂ ਲਈ 5 ਲੱਖ ਰੁਪਏ ਦੀ ਗ੍ਰਾਂਟ ਵੀ ਪ੍ਰਦਾਨ ਕੀਤੀ ਗਈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕਾਰਜਕਾਲ ਦੌਰਾਨ ਪਿੰਡਾਂ ਦੀ ਨੁਹਾਰ ਬਦਲ ਰਹੀ ਹੈ ਅਤੇ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਲੋੜ ਅਨੁਸਾਰ ਬੁਨਿਆਦੀ ਸ...

## ਸੈਣੀ ਮਾਜਰਾ, ਢੱਕੀ ਵਿਖੇ ਕੁਸ਼ਤੀ ਦੰਗਲ: ਮਿਰਜ਼ਾ ਈਰਾਨ ਨੇ ਜਿੱਤੀ ਝੰਡੀ ਦੀ ਕੁਸ਼ਤੀ



**Sandeep Kumar Joshi।** ਪਿੰਡ ਸੈਣੀ ਮਾਜਰਾ, ਢੱਕੀ ਵਿਖੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਇੱਕ ਵਿਸ਼ਾਲ ਕੁਸ਼ਤੀ ਦੰਗਲ ਦਾ ਆਯੋਜਨ ਕੀਤਾ ਗਿਆ। ਇਸ ਦੰਗਲ ਦੌਰਾਨ ਵੱਖ-ਵੱਖ ਵਰਗਾਂ ਦੇ ਪਹਿਲਵਾਨਾਂ ਨੇ ਆਪਣੀ ਕੁਸ਼ਤੀ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਦਰਸ਼ਕਾਂ ਦਾ ਮਨੋਰੰਜਨ ਕੀਤਾ। ਕੁਸ਼ਤੀਆਂ ਨੂੰ ਦੇਖਣ ਲਈ ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀ ਅਤੇ ਇਲਾਕਾ ਵਾਸੀ ਪਹੁੰਚੇ ਹੋਏ ਸਨ। ਦੰਗਲ ਦੀ ਮੁੱਖ ਝੰਡੀ ਦੀ ਕੁਸ਼ਤੀ ਮਿਰਜ਼ਾ ਈਰਾਨ ਅਤੇ ਸ਼ੇਰੇ ਗੁੱਜਰ ਵਿਚਕਾਰ ਹੋਈ, ਜਿਸ ਵਿੱਚ ਮਿਰਜ਼ਾ ਈਰਾਨ ਨੇ ਜੇਤੂ ਦਾ ਖਿਤਾਬ ਹਾਸਲ ਕੀਤਾ। ਜੇਤੂ ਮਿਰਜ਼ਾ ਈਰਾਨ ਨੂੰ 1 ਲੱਖ ਰੁਪਏ ਦੀ ਨਕਦ ਇਨਾਮੀ ਰਾਸ਼ੀ ਦਿੱਤੀ ਗਈ, ਜਦਕਿ ਉਪ ਜੇਤੂ ਰਹੇ ਸ਼ੇਰੇ ਗੁੱਜਰ ਨੂੰ 90 ਹਜ਼ਾਰ ਰੁਪਏ ਨਾਲ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ, ਪੰਜ ਹੋਰ ਝੰਡੀ ਦੀਆਂ ਕੁਸ਼ਤੀਆਂ ਵੀ ਕਰਵਾਈਆਂ ਗਈਆਂ, ਜਿਨ੍ਹਾਂ ਦੇ ਜੇਤੂ ਪਹਿਲਵਾਨਾਂ ਨੂੰ ਨਕਦ ਇਨਾਮਾਂ ਨਾਲ ਨਵਾਜ਼ਿਆ ਗਿਆ।...

## ਰੂਪਨਗਰ ਵਿੱਚ 'ਖੇਡਾਂ ਵਤਨ ਪੰਜਾਬ ਦੀਆਂ-2026' ਜ਼ਿਲ੍ਹਾ ਪੱਧਰੀ ਖੇਡਾਂ 28 ਸਤੰਬਰ ਤੋਂ ਸ਼ੁਰੂ



**Sandeep Kumar Joshi।** ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਪ੍ਰਫੁੱਲਿਤ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਮਕਸਦ ਨਾਲ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਸੀਜ਼ਨ-4 ਤਹਿਤ ਜ਼ਿਲ੍ਹਾ ਰੂਪਨਗਰ ਵਿੱਚ ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ 28 ਸਤੰਬਰ ਤੋਂ 5 ਅਕਤੂਬਰ 2026 ਤੱਕ ਕਰਵਾਏ ਜਾਣਗੇ। ਇਸ ਸਬੰਧੀ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੋਈ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਸ੍ਰੀ ਆਦਿੱਤਿਆ ਡੇਚਲਵਾਲ, ਆਈ.ਏ.ਐੱਸ. ਨੇ ਕੀਤੇ ਜਾ ਰਹੇ ਪ੍ਰਬੰਧਾਂ ਦੀ ਸਮੀਖਿਆ ਕੀਤੀ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਵਿੱਚ ਅਨੁਸ਼ਾਸਨ, ਟੀਮ ਭਾਵਨਾ ਅਤੇ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨ ਲਈ ਮਹੱਤਵਪੂਰਨ ਮੰਚ ਪ੍ਰਦਾਨ ਕਰਦੀਆਂ ਹਨ। ਉਨ੍ਹਾਂ ਐੱਸ ਡੀ ਐੱਮ ਰੂਪਨਗਰ, ਜ਼ਿਲ੍ਹਾ ਖੇਡ ਅਫ਼ਸਰ ਅਤੇ ਸਿੱਖਿਆ ਵਿਭਾਗ ਸਮੇਤ ਵੱਖ ਵੱਖ ਵਿਭਾ...

## ਮੱਛੀ ਪਾਲਣ ਨੇ ਬਦਲੀ ਨੰਦੇ ਸਾਹਨੀ ਦੀ ਜ਼ਿੰਦਗੀ: ਮਜ਼ਦੂਰ ਤੋਂ ਸਾਲਾਨਾ 10-12 ਲੱਖ ਕਮਾਉਣ ਵਾਲੇ ਸਫ਼ਲ ਕਾਰੋਬਾਰੀ ਬਣੇ

**Sandeep Kumar Joshi।** ਮਿਹਨਤ, ਦ੍ਰਿੜ੍ਹ ਇਰਾਦੇ ਅਤੇ ਉੱਦਮੀ ਸੋਚ ਨਾਲ ਇਨਸਾਨ ਆਪਣੀ ਜ਼ਿੰਦਗੀ ਦੀ ਦਿਸ਼ਾ ਬਦਲ ਸਕਦਾ ਹੈ। ਇਸ ਦੀ ਪ੍ਰੇਰਣਾਦਾਇਕ ਮਿਸਾਲ ਰੂਪਨਗਰ ਜ਼ਿਲ੍ਹੇ ਦੇ ਪਿੰਡ ਕਕਰਾਲਾ ਦੇ ਮੱਛੀ ਪਾਲਕ ਸ੍ਰੀ ਨੰਦੇ ਸਾਹਨੀ ਹਨ, ਜਿਨ੍ਹਾਂ ਨੇ ਮੱਛੀ ਮਜ਼ਦੂਰ ਵਜੋਂ ਆਪਣਾ ਸਫ਼ਰ ਸ਼ੁਰੂ ਕਰਕੇ ਅੱਜ ਮੱਛੀ ਪਾਲਣ ਨੂੰ ਸਫ਼ਲ ਕਾਰੋਬਾਰ ਵਿੱਚ ਤਬਦੀਲ ਕੀਤਾ ਹੈ। ਉਨ੍ਹਾਂ ਦੀ ਸਫ਼ਲਤਾ ਦੀ ਕਹਾਣੀ ਨਾ ਸਿਰਫ਼ ਸਵੈ-ਰੋਜ਼ਗਾਰ ਦੀਆਂ ਸੰਭਾਵਨਾਵਾਂ ਨੂੰ ਉਜਾਗਰ ਕਰਦੀ ਹੈ, ਸਗੋਂ ਹੋਰਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਕਰਨ ਦੀ ਪ੍ਰੇਰਣਾ ਵੀ ਦਿੰਦੀ ਹੈ। ਡਿਪਟੀ ਕਮਿਸ਼ਨਰ ਸ੍ਰੀ ਅਦਿੱਤਿਆ ਡੇਚਲਵਾਲ ਨੇ ਦੱਸਿਆ ਕਿ ਸ੍ਰੀ ਨੰਦੇ ਸਾਹਨੀ ਬਿਹਤਰ ਰੋਜ਼ਗਾਰ ਅਤੇ ਜੀਵਨ-ਜਾਚ ਦੇ ਮੌਕਿਆਂ ਦੀ ਭਾਲ ਵਿੱਚ 20 ਸਾਲ ਦੀ ਉਮਰ ਵਿੱਚ ਪੰਜਾਬ ਆਏ ਸਨ। ਸ਼ੁਰੂਆਤੀ ਦੌਰ ਵਿੱਚ ਉਨ੍ਹਾਂ ਨੇ ਮੱਛੀ ਮਜ਼ਦੂਰ ਵਜੋਂ ਕੰਮ ਕੀਤਾ ਅਤੇ ਇਸ ਖੇਤਰ ਨਾਲ ਜੁੜਿਆ ਵਿਹਾਰਕ ਤਜਰਬਾ ਹਾ...

## ਵਿਧਾਇਕ ਦਿਨੇਸ਼ ਚੱਢਾ ਨੇ ਪਿੰਡ ਹਰੀਪੁਰ ਵਿਖੇ ਲੋਕ ਮਿਲਣੀ ਦੌਰਾਨ ਪਿੰਡ ਦੇ ਵਿਕਾਸ ਲਈ 5 ਲੱਖ ਰੁਪਏ ਦੀ ਗ੍ਰਾਂਟ ਦਿੱਤੀ

**Sandeep Kumar Joshi।** ਨੂਰਪੁਰ ਬੇਦੀ: ਹਲਕਾ ਰੂਪਨਗਰ ਦੇ ਪਿੰਡ ਹਰੀਪੁਰ ਵਿਖੇ ਹਲਕਾ ਵਿਧਾਇਕ ਦਿਨੇਸ਼ ਚੱਢਾ ਵੱਲੋਂ ਇੱਕ ਲੋਕ ਮਿਲਣੀ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਵਿਧਾਇਕ ਨੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸੁਣਿਆ ਅਤੇ ਪਿੰਡ ਦੇ ਵਿਕਾਸ ਕਾਰਜਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ। ਪਿੰਡ ਵਾਸੀਆਂ ਵੱਲੋਂ ਪਿੰਡ ਨਾਲ ਸਬੰਧਤ ਵੱਖ-ਵੱਖ ਮਸਲੇ ਵਿਧਾਇਕ ਦੇ ਧਿਆਨ ਵਿੱਚ ਲਿਆਂਦੇ ਗਏ, ਜਿਨ੍ਹਾਂ ਨੂੰ ਉਨ੍ਹਾਂ ਨੇ ਗੰਭੀਰਤਾ ਨਾਲ ਸੁਣਦਿਆਂ ਸਬੰਧਤ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਹੱਲ ਕਰਵਾਉਣ ਦਾ ਭਰੋਸਾ ਦਿੱਤਾ। ਇਸ ਮੌਕੇ ਵਿਧਾਇਕ ਦਿਨੇਸ਼ ਚੱਢਾ ਵੱਲੋਂ ਪਿੰਡ ਹਰੀਪੁਰ ਦੇ ਵਿਕਾਸ ਕਾਰਜਾਂ ਲਈ 5 ਲੱਖ ਰੁਪਏ ਦੀ ਗ੍ਰਾਂਟ ਵੀ ਪ੍ਰਦਾਨ ਕੀਤੀ ਗਈ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਲੋੜ ਅਨੁਸਾਰ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਨੇ...